ਰਾਗੁ ਬਿਲਾਵਲੁ - ਭਗਤ ਕਬੀਰ ਜੀ - ਅੰਗ ੮੫੫ (ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ)
Raag Bilaaval - Bhagat Kabir Ji - Ang 855 (Sri Guru Granth Sahib Ji)

# ਬਿਲਾਵਲੁ ॥
Bilaaval:

# ਗ੍ਰਿਹੁ ਤਜਿ ਬਨ ਖੰਡ ਜਾਈਐ ਚੁਨਿ ਖਾਈਐ ਕੰਦਾ ॥
Abandoning his household, he may go to the forest, and live by eating roots;
ਜੇ ਗ੍ਰਿਹਸਤ ਤਿਆਗ ਕੇ ਜੰਗਲਾਂ ਵਿਚ ਚਲੇ ਜਾਈਏ, ਤੇ ਗਾਜਰ ਮੂਲੀ ਆਦਿਕ ਖਾ ਕੇ ਗੁਜ਼ਾਰਾ ਕਰੀਏ,

# ਅਜਹੁ ਬਿਕਾਰ ਨ ਛੋਡਈ ਪਾਪੀ ਮਨੁ ਮੰਦਾ ॥੧॥
but even so, his sinful, evil mind does not renounce corruption. ||1||
ਤਾਂ ਭੀ ਇਹ ਪਾਪੀ ਚੰਦਰਾ ਮਨ ਵਿਕਾਰ ਨਹੀਂ ਛੱਡਦਾ ॥੧॥

# ਕਿਉ ਛੂਟਉ ਕੈਸੇ ਤਰਉ ਭਵਜਲ ਨਿਧਿ ਭਾਰੀ ॥
How can anyone be saved? How can anyone cross over the terrifying world-ocean?
ਹੇ ਪ੍ਰਭੂ! ਮੈਂ ਕਿਵੇਂ ਇਹਨਾਂ ਤੋਂ ਖ਼ਲਾਸੀ ਕਰਾਵਾਂ? ਇਹ ਸੰਸਾਰ ਬੜਾ ਵੱਡਾ ਸਮੁੰਦਰ ਹੈ, ਮੈਂ ਕਿਵੇਂ ਇਸ ਤੋਂ ਪਾਰ ਲੰਘਾਂ?

# ਰਾਖੁ ਰਾਖੁ ਮੇਰੇ ਬੀਠੁਲਾ ਜਨੁ ਸਰਨਿ ਤੁਮ੍ਹਾਰੀ ॥੧॥ ਰਹਾਉ ॥
Save me, save me, O my Lord! Your humble servant seeks Your Sanctuary. ||1||Pause||
ਹੇ ਮੇਰੇ ਪ੍ਰਭੂ! ਮੈਂ ਤੇਰਾ ਦਾਸ ਤੇਰੀ ਸ਼ਰਨ ਆਇਆ ਹਾਂ, ਮੈਨੂੰ (ਇਹਨਾਂ ਵਿਕਾਰਾਂ ਤੋਂ) ਬਚਾ ॥੧॥ ਰਹਾਉ ॥

# ਬਿਖੈ ਬਿਖੈ ਕੀ ਬਾਸਨਾ ਤਜੀਅ ਨਹ ਜਾਈ ॥
I cannot escape my desire for sin and corruption.
ਹੇ ਮੇਰੇ ਬੀਠਲ! ਮੈਥੋਂ ਇਹਨਾਂ ਅਨੇਕਾਂ ਕਿਸਮਾਂ ਦੇ ਵਿਸ਼ਿਆਂ ਦੇ ਚਸਕੇ ਛੱਡੇ ਨਹੀਂ ਜਾ ਸਕਦੇ।

# ਅਨਿਕ ਜਤਨ ਕਰਿ ਰਾਖੀਐ ਫਿਰਿ ਫਿਰਿ ਲਪਟਾਈ ॥੨॥
I make all sorts of efforts to hold back from this desire, but it clings to me, again and again. ||2||
ਕਈ ਜਤਨ ਕਰ ਕੇ ਇਸ ਮਨ ਨੂੰ ਰੋਕੀਦਾ ਹੈ, ਪਰ ਇਹ ਮੁੜ ਮੁੜ ਵਿਸ਼ਿਆਂ ਦੀਆਂ ਵਾਸ਼ਨਾਂ ਨੂੰ ਜਾ ਚੰਬੜਦਾ ਹੈ ॥੨॥

# ਜਰਾ ਜੀਵਨ ਜੋਬਨੁ ਗਇਆ ਕਿਛੁ ਕੀਆ ਨ ਨੀਕਾ ॥
Youth and old age - my entire life has passed, but I haven't done any good.
ਬੁਢੇਪਾ ਆ ਗਿਆ ਹੈ, ਜੁਆਨੀ ਦੀ ਉਮਰ ਲੰਘ ਗਈ ਹੈ, ਪਰ ਮੈਂ ਹੁਣ ਤਕ ਕੋਈ ਚੰਗਾ ਕੰਮ ਨਹੀਂ ਕੀਤਾ।

# ਇਹੁ ਜੀਅਰਾ ਨਿਰਮੋਲਕੋ ਕਉਡੀ ਲਗਿ ਮੀਕਾ ॥੩॥
This priceless soul has been treated as if it were worth no more than a shell. ||3||
ਮੇਰੀ ਇਹ ਜਿੰਦ ਅਮੋਲਕ ਸੀ, ਪਰ ਮੈਂ ਇਸ ਨੂੰ ਕੌਡੀ ਦੇ ਬਰਾਬਰ ਕਰ ਦਿੱਤਾ ਹੈ ॥੩॥

# ਕਹੁ ਕਬੀਰ ਮੇਰੇ ਮਾਧਵਾ ਤੂ ਸਰਬ ਬਿਆਪੀ ॥
Says Kabeer, O my Lord, You are contained in all.
ਕਬੀਰ ਆਖਦਾ ਹੈ- (ਆਪਣੇ ਪ੍ਰਭੂ ਅੱਗੇ ਇਉਂ) ਬੇਨਤੀ ਕਰ-ਹੇ ਪਿਆਰੇ ਪ੍ਰਭੂ! ਤੂੰ ਸਭ ਜੀਆਂ ਵਿਚ ਵਿਆਪਕ ਹੈਂ (ਤੇ ਸਭ ਦੇ ਦਿਲ ਦੀ ਜਾਣਦਾ ਹੈਂ, ਮੇਰਾ ਅੰਦਰਲਾ ਹਾਲ ਭੀ ਤੂੰ ਜਾਣਦਾ ਹੈਂ)

# ਤੁਮ ਸਮਸਰਿ ਨਾਹੀ ਦਇਆਲੁ ਮੋਹਿ ਸਮਸਰਿ ਪਾਪੀ ॥੪॥੩॥
There is none as merciful as You are, and none as sinful as I am. ||4||3||
ਤੇਰੇ ਜੇਡਾ ਕੋਈ ਦਇਆ ਕਰਨ ਵਾਲਾ ਨਹੀਂ, ਤੇ ਮੇਰੇ ਵਰਗਾ ਕੋਈ ਪਾਪੀ ਨਹੀਂ (ਸੋ, ਮੈਨੂੰ ਤੂੰ ਆਪ ਹੀ ਇਹਨਾਂ ਵਿਕਾਰਾਂ ਤੋਂ ਬਚਾ) ॥੪॥੩॥